ਝੋਨੇ ਦੀ ਖਰੀਦ ਦੇ ਪ੍ਰਬੰਧਾਂ ਦਾ ਜਾਇਜਾ ਲੈਣ ਲਈ ਹਲਕਾ ਵਿਧਾਇਕ ਸੁੱਖਪਾਲ ਸਿੰਘ ਭੁੱਲਰ ਅਤੇ ਡਿਪਟੀ ਕਮਿਸ਼ਨਰ ਵੱਲੋਂ ਹਲਕਾ ਖੇਮਕਰਨ ਦੀਆਂ ਦਾਣਾ ਮੰਡੀਆਂ ਦਾ ਕੀਤਾ ਗਿਆ ਵੱਖ-ਵੱਖ ਮੰਡੀਆਂ ਦਾ ਦੌਰਾ

ਕਿਸਾਨਾਂ ਨੂੰ ਮੰਡੀਆਂ ਵਿੱਚ ਆਪਣੀ ਫ਼ਸਲ ਵੇਚਣ ਲਈ ਕੋਈ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ : ਵਿਧਾਇਕ ਭੁੱਲਰ

ਤਰਨਤਾਰਨ, 5 ਅਕਤੂਬਰ :

ਵਿਧਾਨ ਸਭਾ ਹਲਕਾ ਖੇਮਕਰਨ ਦੇ ਵਿਧਾਇਕ ਸ੍ਰ. ਸੁੱਖਪਾਲ ਸਿੰਘ ਭੁੱਲਰ ਅਤੇ ਡਿਪਟੀ ਕਮਿਸ਼ਨਰ ਤਰਨਤਾਰਨ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਨੇ ਝੋਨੇ ਦੀ ਖਰੀਦ ਦੇ ਪ੍ਰਬੰਧਾਂ ਦਾ ਜਾਇਜਾ ਲੈਣ ਦੇ ਲਈ ਅੱਜ ਹਲਕਾ ਖੇਮਕਰਨ ਦੀਆਂ ਦਾਣਾ ਮੰਡੀਆਂ ਸੁਰਸਿੰਘ, ਭਿੱਖੀਵਿੰਡ, ਅਲਗੋਕੋਠੀ, ਖਾਲੜਾ, ਅਮਰਕੋਟ ਤੇ ਖੇਮਕਰਨ ਦਾ ਦੌਰਾ ਕੀਤਾ ਇਸ ਮੌਕੇ ਐਸ.ਡੀ.ਐਮ. ਪੱਟੀ ਸ੍ਰੀ ਸੁਰਿੰਦਰ ਸਿੰਘ, ਜ਼ਿਲ੍ਹਾ ਮੰਡੀ ਅਫ਼ਸਰ ਸ੍ਰ. ਪਾਲ ਸਿੰਘ, ਡੀ. ਐਫ. ਐਸ. ਸੀ. ਸ੍ਰ. ਨਿਰਮਲ ਸਿੰਘ ਤੋਂ ਇਲਾਵਾ ਵੱਖ-ਵੱਖ ਖਰੀਦ ਏਜੰਸੀਆਂ ਦੇ ਜ਼ਿਲ੍ਹਾ ਮੈਨੇਜਰ ਵੀ ਉਨ੍ਹਾਂ ਦੇ ਨਾਲ ਸਨ।



ਇਸ ਮੌਕੇ ਵਿਧਾਇਕ ਸ੍ਰ. ਸੁੱਖਪਾਲ ਸਿੰਘ ਭੁੱਲਰ ਨੇ ਦੱਸਿਆ ਕਿ ਪੰਜਾਬ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਪੰਜਾਬ ਸਰਕਾਰ ਵੱਲੋਂ ਰਾਜ ਭਰ ਦੀਆਂ ਮੰਡੀਆਂ ਵਿੱਚ ਝੋਨੇ ਦੀ ਖਰੀਦ ਦੇ ਲਈ ਲੋੜੀਂਦੇ ਪ੍ਰਬੰਧ ਕੀਤੇ ਗਏ ਹਨ ਅਤੇ ਕਿਸਾਨਾਂ ਨੂੰ ਮੰਡੀਆਂ ਵਿੱਚ ਆਪਣੀ ਫ਼ਸਲ ਵੇਚਣ ਲਈ ਕੋਈ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਸਾਨਾਂ ਨੂੰ ਸੁੱਕਾ ਝੋਨਾ ਹੀ ਮੰਡੀਆਂ ਵਿੱਚ ਲੈ ਕੇ ਆਉਣ ਦੀ ਅਪੀਲ ਕੀਤੀ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਸਰਕਾਰ ਵੇਲੇ ਮੰਡੀਆਂ ਵਿੱਚ ਕਿਸੇ ਵੀ ਕਿਸਾਨ ਜਾਂ ਆੜ੍ਹਤੀ ਨੂੰ ਕੋਈ ਮੁਸ਼ਕਿਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ। ਸ੍ਰ. ਭੁੱਲਰ ਨੇ ਕਿਹਾ ਕਿ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਚੋਣਾਂ ਮੌਕੇ ਕਿਸਾਨਾਂ ਨਾਲ ਜੋ ਕਰਜ਼ ਮੁਆਫੀ ਦਾ ਵਾਅਦਾ ਕੀਤਾ ਸੀ, ਉਸ ਨੂੰ ਨਿਭਾ ਕੇ ਲੋਕਾਂ ਦਾ ਦਿਲ ਜਿੱਤ ਲਿਆ ਹੈ।

ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਨੇ ਦੱਸਿਆ ਕਿ 4 ਅਕਤੂਬਰ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚੋਂ 25,857 ਮੀਟਰਿਕ ਟਨ ਝੋਨੇ ਦੀ ਆਮਦ ਹੋਈ ਸੀ, ਜਿਸ ਵਿੱਚੋਂ 21,219 ਮੀਟਰਿਕਨ ਟਨ ਝੋਨੇ ਦੀ ਖਰੀਦ ਵੱਖ-ਵੱਖ ਏਜੰਸੀਆਂ ਵੱਲੋਂ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਜਿਲ੍ਹਾ ਤਰਨਤਾਰਨ ਦੇ ਸਾਰੇ ਖਰੀਦ ਕੇਂਦਰਾਂ ਵਿੱਚ ਸਫ਼ਾਈ, ਪਾਣੀ, ਬਿਜਲੀ ਅਤੇ ਬਾਰਦਾਨੇ ਸਬੰਧੀ ਪੂਰੇ ਪ੍ਰਬੰਧ ਕੀਤੇ ਗਏ ਹਨ ਅਤੇ ਵੱਖ-ਵੱਖ ਖਰੀਦ ਏਜੰਸੀਆਂ ਨੂੰ ਝੋਨੇ ਦੀ ਖਰੀਦ ਵਾਸਤੇ ਖਰੀਦ ਕੇਂਦਰ ਅਲਾਟ ਕੀਤੇ ਗਏ ਹਨ। ਉਨ੍ਹਾਂ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨੂੰ ਆਦੇਸ਼ ਜਾਰੀ ਕੀਤੇ ਹਨ ਕਿ ਸਰਕਾਰੀ ਖਰੀਦ ਦੇ ਮਾਪਦੰਡਾਂ ’ਤੇ ਪੂਰੇ ਉਤਰਦੇ ਝੋਨੇ ਦੀ ਤੁਰੰਤ ਖਰੀਦ ਕੀਤੀ ਜਾਵੇ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਸਾਲ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਲੱਗਭੱਗ 8 ਲੱਖ 42 ਹਜ਼ਾਰ ਮੀਟਰਿਕ ਟਨ ਝੋਨਾ ਆਉਣ ਦੀ ਸੰਭਾਵਨਾ ਹੈ।

-------------